# Telephonic conversation between Prime Minister and Prime Minister of Bangladesh

April 29, 2020

## ਪ੍ਰਧਾਨ ਮੰਤਰੀ ਅਤੇ ਬੰਗਲਾਦੇਸ਼ ਦੇ ਪ੍ਰਧਾਨ ਮੰਤਰੀ ਦਰਮਿਆਨ ਹੋਈ ਟੈਲੀਫੋਨ 'ਤੇ ਗੱਲਬਾਤ

29 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਬੰਗਲਾਦੇਸ਼ੀ ਲੋਕ ਗਣਰਾਜ ਦੀ ਪ੍ਰਧਾਨ ਮੰਤਰੀ ਮਹਾਮਹਿਮ ਸ਼ੇਖ ਹਸੀਨਾ ਨਾਲ ਫੋਨ 'ਤੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਮੋਦੀ ਨੇ ਭਾਰਤੀ ਲੋਕਾਂ ਅਤੇ ਆਪਣੇ ਵੱਲੋਂ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਅਤੇ ਬੰਗਲਾਦੇਸ਼ੀ ਲੋਕਾਂ ਨੂੰ ਰਮਜ਼ਾਨ ਦੇ ਪਵਿੱਤਰ ਮਹੀਨੇ ਦੇ ਮੌਕੇ 'ਤੇ ਵਧਾਈ ਦਿੱਤੀ।

ਦੋਨਾਂ ਨੇਤਾਵਾਂ ਨੇ COVID -19 ਮਹਾਂਮਾਰੀ ਤੋਂ ਇਸ ਖੇਤਰ ਵਿੱਚ ਪੈਦਾ ਹੋਈ ਸਥਿਤੀ ਬਾਰੇ ਵਿਚਾਰ ਵਟਾਂਦਰੇ ਕੀਤੇ ਅਤੇ ਆਪੋ ਆਪਣੇ ਦੇਸ਼ ਵੱਲੋਂ ਇਸ ਦੇ ਪ੍ਰਭਾਵਾਂ ਨੂੰ ਘਟਾਉਣ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਇੱਕ ਦੂਜੇ ਨੂੰ ਜਾਣਕਾਰੀ ਦਿੱਤੀ।

ਦੋਵਾਂ ਨੇਤਾਵਾਂ ਨੇ SAARC ਦੇਸ਼ਾਂ ਦੇ ਆਗੂਆਂ ਦਰਮਿਆਨ 15 ਮਾਰਚ ਨੂੰ ਹੋਏ ਵਿਸ਼ੇਸ਼ ਸਮਝੌਤੇ ਨੂੰ ਲਾਗੂ ਕਰਨ ਵਿੱਚ ਹੋਈ ਤਰੱਕੀ ’ਤੇ ਖੁਸ਼ੀ ਜ਼ਾਹਰ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ SAARC COVID -19 ਐਮਰਜੈਂਸੀ ਫੰਡ ਵਿੱਚ 15 ਲੱਖ ਡਾਲਰ ਦਾ ਯੋਗਦਾਨ ਦੇਣ ਲਈ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦਾ ਧੰਨਵਾਦ ਕੀਤਾ।

ਪ੍ਰਧਾਨ ਮੰਤਰੀ ਸ਼ੇਖ ਹਸੀਨਾ ਨੇ ਇਸ ਖੇਤਰ ਵਿੱਚ COVID 19 ਨਾਲ ਨਜਿੱਠਣ ਦੀਆਂ ਕੋਸ਼ਿਸ਼ਾਂ ਵਿੱਚ ਤਾਲਮੇਲ ਬਣਾਉਣ ਦੇ ਮਾਮਲੇ 'ਚ ਮੋਢੀ ਬਣਨ ਅਤੇ ਬੰਗਲਾਦੇਸ਼ ਨੂੰ ਡਾਕਟਰੀ ਸਮਾਨ ਦੀ ਸਪਲਾਈ ਅਤੇ ਸਮਰੱਥਾ ਨਿਰਮਾਣ ਦੇ ਪੱਖੋਂ ਸਹਾਇਤਾ ਕਰਨ ਲਈ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕੀਤਾ।

ਦੋਵਾਂ ਆਗੂਆਂ ਨੇ ਸੜਕ, ਰੇਲ, ਅੰਦਰੂਨੀ ਜਲ ਮਾਰਗਾਂ ਅਤੇ ਹਵਾਈ ਮਾਰਗ ਰਾਹੀਂ ਸਰਹੱਦੋਂ ਪਾਰ ਲੋੜੀਂਦੀ ਚੀਜ਼ਾਂ ਦੀ ਸਪਲਾਈ ਕਾਇਮ ਰਹਿਣ ’ਤੇ ਤੱਸਲੀ ਜ਼ਾਹਰ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਸਾਂਝੇ ਇਤਿਹਾਸ, ਸਭਿਆਚਾਰ, ਭਾਸ਼ਾ ਅਤੇ ਭਾਈਚਾਰਕ ਸਬੰਧਾਂ ਦੇ ਬੰਧਨਾਂ ਨੂੰ ਯਾਦ ਕਰਦੇ ਹੋਏ ਚੰਗੇ ਦੁਵੱਲੇ ਸੰਬੰਧਾਂ ’ਤੇ ਤਸੱਲੀ ਪ੍ਰਗਟਾਈ ਅਤੇ COVID -19 ਦੇ ਫੈਲਾਅ ਦੀ ਰੋਕਥਾਮ ਕਰਨ ਅਤੇ ਸਿਹਤ ਅਤੇ ਆਰਥਿਕਤਾ ਤੇ ਪੈਣ ਵਾਲੇ ਇਸਦੇ ਪ੍ਰਭਾਵਾਂ ਨੂੰ ਘਟਾਉਣ ਵਿੱਚ ਬੰਗਲਾਦੇਸ਼ ਦੀ ਮਦਦ ਕਰਨ ਲਈ ਭਾਰਤ ਦੇ ਤਿਆਰ ਰਹਿਣ ਬਾਰੇ ਭਰੋਸਾ ਦਿੱਤਾ।

ਪ੍ਰਧਾਨ ਮੰਤਰੀ ਨੇ ਇਸ ਇਤਿਹਾਸਕ ਮੁਜੀਬ ਬਰਸ਼ੋ ਦੌਰਾਨ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਅਤੇ ਬੰਗਲਾਦੇਸ਼ ਦੇ ਸਾਰੇ ਦੋਸਤਾਨਾ ਲੋਕਾਂ ਦੀ ਚੰਗੀ ਸਿਹਤ ਅਤੇ ਖੈਰੀਅਤ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਪ੍ਰਗਟਾਈਆਂ।

ਨਵੀਂ ਦਿੱਲੀ
29 ਅਪ੍ਰੈਲ, 2020

DISCLAIMER: This is an approximate translation. The original is available in English on MEA’s website and may be referred to as the official press release.